# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 15-05-2025**

- ਰੱਖਿਆ ਮੰਤਰੀ ਰਾਜਨਾਥ ਸਿੰਘ ਦਾ ਕਹਿਣਾ ਏ ਕਿ ਪਾਕਿਸਤਾਨ ਦੇ ਹੱਥਾਂ ਵਿੱਚ ਪ੍ਰਮਾਣੂ ਹਥਿਆਰ ਸੁਰੱਖਿਅਤ ਨਹੀਂ ਨੇ ਤੇ ਇਸਨੂੰ IAEA ਵਲੋਂ ਆਪਣੇ ਕਬਜ਼ੇ ਵਿੱਚ ਲਿਆ ਜਾਣਾ ਚਾਹੀਦਾ ਏ।
- ਪੰਜਾਬ ਪੁਲਿਸ ਨੇ ਸੰਗਰੂਰ ਜੇਲ੍ਹ ਦੇ ਅੰਦਰੋਂ ਚੱਲ ਰਹੇ ਇੱਕ ਸੰਗਠਿਤ ਤਸਕਰੀ ਰੈਕੇਟ ਦਾ ਪਰਦਾਫਾਸ਼ ਕੀਤਾ ਏ ਤੇ ਜੇਲ੍ਹ ਦੇ ਡਿਪਟੀ ਸੁਪਰਡੈਂਟ ਨੂੰ ਗ੍ਰਿਫ਼ਤਾਰ ਕੀਤਾ ਏ।
- ਅੰਮ੍ਰਿਤਸਰ ਨਕਲੀ ਸ਼ਰਾਬ ਮਾਮਲੇ ਵਿਚ ਮਰਣ ਵਾਲਿਆਂ ਦੀ ਗਿਣਤੀ 27 ਹੋ ਗਈ ਏ. ਅਮ੍ਰਿਤਸਰ ਦਿਹਾਤੀ ਪੁਲਿਸ ਨੇ ਸ਼ਰਾਬ ਫੈਕਟਰੀ ਦੇ ਮਾਲਕ ਪਿਓ-ਪੁੱਤਰ ਨੂੰ ਦਿੱਲੀ ਤੋਂ ਗ੍ਰਿਫ਼ਤਾਰ ਕਰ ਲਿਆ ਏ ।

- ਪੰਜਾਬ ਸਰਕਾਰ ਨੇ ਇੱਕ ਇਤਿਹਾਸਕ ਫੈਸਲੇ'ਚ ਝੋਨੇ ਦੀ ਪਰਾਲੀ-ਅਧਾਰਤ ਬਾਇਲਰਾਂ ਦੀ ਸਥਾਪਨਾ ਲਈ ਪੂੰਜੀਗਤ ਸਬਸਿਡੀ ਦੀ ਇੱਕ ਨਵੀਂ ਯੋਜਨਾ ਦਾ ਐਲਾਨ ਕੀਤਾ ਏ ।
- ਖੇਲੋ ਇੰਡੀਆ ਯੂਥ ਗੇਮਜ਼ ਅੱਜ ਖਤਮ ਹੋ ਰਹੀਆਂ ਨੇ। ਪੰਜਾਬ ਨੇ ਇਨ੍ਹਾਂ ਖੇਡਾਂ 'ਚ ਕੁਲ 47 ਤਮਗੇ ਜਿੱਤੇ ਨੇ।

---------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਕਿਹਾ ਏ ਕਿ ਆਪ੍ਰੇਸ਼ਨ ਸਿੰਦੂਰ ਪਿਛਲੇ ਕਈ ਦਹਾਕਿਆਂ ਤੋਂ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਜੰਮੂ-ਕਸ਼ਮੀਰ ਤੋਂ ਕੀਤੀ ਜਾ ਰਹੀ ਦਹਿਸ਼ਤਗਰਦੀ ਵਿਰੁੱਧ ਭਾਰਤ ਦਾ ਸਖ਼ਤ ਜਵਾਬ ਏ. ਫੌਜ ਦੀ 15 ਕੋਰ ਬਦਾਮੀ ਬਾਗ ਛਾਉਣੀ ਵਿਖੇ ਜਵਾਨਾਂ ਨੂੰ ਸੰਬੋਧਨ ਕਰਦਿਆਂ ਓਹਨਾਂ ਕਿਹਾ -

**Byte--RAJNATH-ON-OPERATION-SINDOOR**

ਰਖਿਆ ਮੰਤਰੀ ਨੇ ਆਪ੍ਰੇਸ਼ਨ ਸਿੰਦੂਰ ਨੂੰ ਅੰਜਾਮ ਦਿੰਦਿਆਂ ਭਾਰਤੀ ਹਥਿਆਰਬੰਦ ਬਲਾਂ ਦੀ, ਬਹਾਦਰੀ, ਦਲੇਰੀ ਅਤੇ ਬਾਰੀਕੀ ਨਾਲ ਕੰਮ ਕਰਨ ਲਈ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਦੇਸ਼ ਨੂੰ ਮਾਤ ਭੂਮੀ ਦੀ

ਰੱਖਿਆ ਵਿੱਚ ਹਥਿਆਰਬੰਦ ਬਲਾਂ ਦੀ ਹਿੰਮਤ, ਵਚਨਬੱਧਤਾ ਅਤੇ ਦ੍ਰਿੜਤਾ ਲਈ ਉਨ੍ਹਾਂ 'ਤੇ ਮਾਣ ਏ। ਪਾਕਿਸਤਾਨ ਦੇ ਹੱਥਾਂ ਵਿੱਚ ਪ੍ਰਮਾਣੂ ਹਥਿਆਰਾਂ ਦੀ ਸੁਰੱਖਿਆ 'ਤੇ ਸਵਾਲ ਉਠਾਉਂਦੇ ਹੋਏ, ਉਨ੍ਹਾਂ ਕਿਹਾ ਕਿ ਪਾਕਿਸਤਾਨ ਦੇ ਪ੍ਰਮਾਣੂ ਹਥਿਆਰਾਂ ਨੂੰ ਅੰਤਰਰਾਸ਼ਟਰੀ ਪਰਮਾਣੂ ਊਰਜਾ ਏਜੰਸੀ (IAEA) ਦੀ ਨਿਗਰਾਨੀ ਹੇਠ ਲਿਆ ਜਾਣਾ ਚਾਹੀਦਾ ਏ –

BYTE - -RAJNATH-SINGH---PAK-IAEA-

22 ਅਪ੍ਰੈਲ ਨੂੰ ਪਹਿਲਗਾਮ ਹਮਲੇ ਦੇ ਜਵਾਬ ਵਿੱਚ, ਭਾਰਤ ਵੱਲੋਂ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਿੱਚ ਦਹਿਸ਼ਤਗਰਦ ਕੈਂਪਾਂ ਨੂੰ ਨਿਸ਼ਾਨਾ ਬਣਾਉਣ ਲਈ ਆਪ੍ਰੇਸ਼ਨ ਸਿੰਦੂਰ ਸ਼ੁਰੂ ਕਰਨ ਤੋਂ ਬਾਅਦ ਇਹ ਰਖਿਆ ਮੰਤਰੀ ਦਾ ਜੰਮੂ-ਕਸ਼ਮੀਰ ਦਾ ਪਹਿਲਾ ਦੌਰਾ ਏ । ਸ਼੍ਰੀ ਸਿੰਘ ਨੇ ਕਿਹਾ ਕਿ ਉਹ ਆਪ੍ਰੇਸ਼ਨ ਸਿੰਦੂਰ ਦੇ ਸਫਲ ਸੰਚਾਲਨ ਵਿੱਚ ਜਵਾਨਾਂ ਦੀ ਹਿੰਮਤ ਅਤੇ ਸਮਰਪਣ ਲਈ ਦੇਸ਼ ਦੇ ਲੋਕਾਂ ਦੀ ਪ੍ਰਸ਼ੰਸਾ, ਵਧਾਈ ਅਤੇ ਸ਼ੁਭਕਾਮਨਾਵਾਂ ਦੇਣ ਲਈ ਸ਼੍ਰੀਨਗਰ ਪਹੁੰਚੇ ਨੇ। ਰੱਖਿਆ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਹਿਸ਼ਤਗਰਦੀ ਵਿਰੁੱਧ ਭਾਰਤ ਦੀ ਪਹੁੰਚ ਅਤੇ ਸੰਦੇਸ਼ ਨੂੰ ਸਪੱਸ਼ਟ ਤੌਰ

'ਤੇ ਦੱਸਿਆ ਏ । ਉਨ੍ਹਾਂ ਇਹ ਵੀ ਕਿਹਾ ਕਿ ਗੱਲਬਾਤ ਅਤੇ ਦਹਿਸ਼ਤਗਰਦੀ ਨਾਲ-ਨਾਲ ਨਹੀਂ ਚੱਲ ਸਕਦੇ, ਅਤੇ ਪਾਕਿਸਤਾਨ ਨਾਲ ਭਵਿੱਖ ਵਿੱਚ ਹੋਣ ਵਾਲੀ ਕੋਈ ਵੀ ਗੱਲਬਾਤ ਸਿਰਫ ਪਾਕਿਸਤਾਨ ਦੇ ਕਬਜ਼ੇ ਵਾਲੇ ਜੰਮੂ-ਕਸ਼ਮੀਰ ਅਤੇ ਦਹਿਸ਼ਤਗਰਦੀ ਨਾਲ ਸਬੰਧਤ ਹੋਵੇਗੀ।

---------------------------------------------------------------

ਆਪ੍ਰੇਸ਼ਨ ਸਿੰਦੂਰ ਦੀ ਰਣਨੀਤਕ ਸਫਲਤਾ ਦਾ ਜਸ਼ਨ ਮਨਾਉਣ ਲਈ ਪੰਜਾਬ'ਚ ਸੂਬਾ ਪੱਧਰੀ ਤਿਰੰਗਾ ਯਾਤਰਾ ਅੱਜ ਜਲੰਧਰ ਵਿਖੇ ਸ਼ੁਰੂ ਹੋ ਗਈ ਏ । ਇਸ ਆਪ੍ਰੇਸ਼ਨ ਦੌਰਾਨ ਭਾਰਤੀ ਹਥਿਆਰਬੰਦ ਫੌਜਾਂ ਜਿਸ ਵਿੱਚ ਥਲ ਸੇਨਾ, ਸਮੁੰਦਰੀ ਫੌਜ, ਹਵਾਈ ਫੌਜ ਅਤੇ ਸੀਏਪੀਐਫ-ਸਰਹੱਦੀ ਸੁਰੱਖਿਆ ਬਲ ਸ਼ਾਮਲ ਨੇ, ਵਲੋਂ ਦਿਖਾਈ ਗਈ ਬਹਾਦਰੀ ਹਰ ਨਾਗਰਿਕ ਲਈ ਪ੍ਰੇਰਨਾ ਏ । ਇਸ ਫੌਜੀ ਕਾਮਯਾਬੀ ਨੇ ਪੂਰੇ ਦੇਸ਼ ਨੂੰ ਮਾਣ ਅਤੇ ਜਜ਼ਬੇ ਨਾਲ ਭਰ ਦਿੱਤਾ ਏ । ਇਹ ਯਾਤਰਾ 23 ਮਈ ਤੱਕ ਸਾਰੇ ਜ਼ਿਲ੍ਹਿਆਂ, ਮੰਡਲਾਂ, ਵਾਰਡਾਂ ਨੂੰ ਕਵਰ ਕਰਕੇ ਸਾਡੀਆਂ ਹਥਿਆਰਬੰਦ ਫੌਜਾਂ ਪ੍ਰਤੀ ਹਮਾਇਤ ਪ੍ਰਗਟ ਕਰੇਗੀ।

----------------------------------------------------------------

ਪੰਜਾਬ ਪੁਲਿਸ ਨੇ ਸੰਗਰੂਰ ਜੇਲ੍ਹ ਦੇ ਅੰਦਰੋਂ ਚੱਲ ਰਹੇ ਇੱਕ ਸੰਗਠਿਤ ਤਸਕਰੀ ਰੈਕੇਟ ਦਾ ਪਰਦਾਫਾਸ਼ ਕੀਤਾ ਏ ਜਿਸ ਕਾਰਨ ਜੇਲ੍ਹ ਦੇ ਸੁਰੱਖਿਆ ਇੰਚਾਰਜ, ਡਿਪਟੀ ਸੁਪਰਿਟੈਂਡੈਂਟ(DSP) ਗੁਰਪ੍ਰੀਤ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ। ਪੰਜਾਬ ਦੇ ਪੁਲਿਸ ਮੁਖੀ, ਗੌਰਵ ਯਾਦਵ ਨੇ ਕਿਹਾ ਏ ਕਿ ਇਹ ਡੀਐਸਪੀ ਜੇਲ੍ਹ ਦੇ ਅੰਦਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੀਆਂ ਗਤੀਵਿਧੀਆਂ ਅਤੇ ਮੋਬਾਈਲ ਫੋਨਾਂ ਦੀ ਸਪਲਾਈ ਵਿੱਚ ਸ਼ਾਮਲ ਸੀ। ਉਹ ਆਪਣੇ ਪਰਿਵਾਰਕ ਮੈਂਬਰਾਂ ਨਾਲ ਜੁੜੇ ਖਾਤਿਆਂ ਵਿੱਚ UPI ਰਾਹੀਂ ਭੁਗਤਾਨ ਪ੍ਰਾਪਤ ਕਰਦਾ ਸੀ। ਇਸ ਦੌਰਾਨ, ਅੱਗੇ ਜਾਂਚ ਵਿਚ ਜੇਲ੍ਹ ਦੇ ਇੱਕ ਕਲਾਸ-IV ਮੁਲਾਜ਼ਮ ਮਨਪ੍ਰੀਤ ਸਿੰਘ ਦੀ ਵੀ ਗਿਰਫਤਾਰੀ ਹੋਈ, ਜੋ ਕਿ ਇੱਕ ਜੇਲ੍ਹ ਕੈਦੀ ਗੁਰਵਿੰਦਰ ਸਿੰਘ ਨਾਲ ਰਲ ਕੇ ਜੇਲ੍ਹ ਵਿੱਚ ਤਸਕਰੀ ਦੀਆਂ ਗਤੀਵਿਧੀਆਂ ਵਿੱਚ ਸਹਾਇਤਾ ਕਰ ਰਿਹਾ ਸੀ। ਪੁਲਿਸ ਨੇ 4 ਕਿਲੋਗ੍ਰਾਮ ਹੈਰੋਇਨ, ਸਾਢੇ 5 ਲੱਖ ਰੁਪਏ ਡਰੱਗ ਮਨੀ, ਤੇ ਜ਼ਿੰਦਾ ਕਾਰਤੂਸਾਂ ਸਮੇਤ ਇੱਕ ਪਿਸਤੌਲ ਬਰਾਮਦ ਕੀਤਾ ਏ । ਜਦੋਂ ਕਿ ਛਾਪੇਮਾਰੀ ਦੌਰਾਨ ਜੇਲ੍ਹ ਵਿੱਚੋਂ ਨੌਂ ਮੋਬਾਈਲ ਫੋਨ, ਚਾਰ ਸਮਾਰਟ

ਘੜੀਆਂ, 50 ਗ੍ਰਾਮ ਅਫੀਮ ਅਤੇ ਹੋਰ ਪਾਬੰਦੀਸ਼ੁਦਾ ਚੀਜ਼ਾਂ ਵੀ ਬਰਾਮਦ ਕੀਤੀਆਂ ਗਈਆਂ ਨੇ.ਪਿਛਲੇ ਮਾਰਚ ਤੋਂ ਬਾਅਦ ਇਹ ਤੀਜੀ ਅਜਿਹੀ ਘਟਨਾ ਏ ਜਦੋਂ ਸੀਨੀਅਰ ਜੇਲ੍ਹ  ਅਧਿਕਾਰੀਆਂ ਅਤੇ ਹੋਰ ਜੇਲ੍ਹ ਅਧਿਕਾਰੀਆਂ ਨੂੰ ਜੇਲ੍ਹਾਂ ਦੇ ਅੰਦਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਦੋਸ਼ ਵਿੱਚ  ਗ੍ਰਿਫ਼ਤਾਰ ਕੀਤਾ ਗਿਆ ਏ।

-------------------------------------------------------------

ਅੰਮ੍ਰਿਤਸਰ ਦੇ ਮਜੀਠਾ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਕਾਰਨ ਹੁਣ ਤੱਕ ਕੁੱਲ 27 ਲੋਕਾਂ ਦੀ ਮੌਤ ਹੋ ਚੁੱਕੀ ਏ । ਇਹ ਸ਼ਰਾਬ ਮੀਥੇਨੌਲ ਤੋਂ ਬਣਾਈ ਗਈ ਸੀ ਅਤੇ ਇਹ ਦਿੱਲੀ ਦੀ ਇੱਕ ਫੈਕਟਰੀ ਤੋਂ ਆਈ ਸੀ। ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਫੈਕਟਰੀ ਦੇ ਮਾਲਕ ਪਿਓ-ਪੁੱਤਰ ਨੂੰ ਦਿੱਲੀ ਤੋਂ ਗ੍ਰਿਫ਼ਤਾਰ ਕਰ ਲਿਆ ਏ । ਇਸ ਸਬੰਧ'ਚ DSP ਮਨਿੰਦਰ ਸਿੰਘ ਨੇ ਦੱਸਿਆ ਕਿ ਮਜੀਠਾ ਸ਼ਰਾਬ ਮਾਮਲੇ ਵਿੱਚ ਨਾਮਜ਼ਦ ਪਿਓ-ਪੁੱਤਰ ਰਿਸ਼ਭ ਜੈਨ ਅਤੇ ਰਵਿੰਦਰ ਜੈਨ ਨੂੰ ਗ੍ਰਿਫ਼ਤਾਰ ਕਰਕੇ ਅਦਾਲਤ ਵਿੱਚ ਪੇਸ਼ ਕਰ ਦਿੱਤਾ ਗਿਆ ਏ । ਉਨ੍ਹਾਂ ਨੂੰ 5 ਦਿਨਾਂ ਦੇ ਪੁਲਿਸ ਰਿਮਾਂਡ'ਤੇ ਭੇਜ ਦਿੱਤਾ ਗਿਆ ਏ । ਹੁਣ ਉਨ੍ਹਾਂ ਤੋਂ ਪੁੱਛਗਿੱਛ ਕੀਤੀ ਜਾਵੇਗੀ-

BYTE – DSP-

---------------------------------------------------------------

ਚੰਡੀਗੜ੍ਹ ਨਗਰ ਨਿਗਮ ਨੇ ਸ਼ਹਿਰ ਵਿੱਚ ਪੀਣ ਵਾਲੇ ਪਾਈਪਡ ਪਾਣੀ ਦੇ ਪ੍ਰਬੰਧ ਦੀ ਪ੍ਰਣਾਲੀ ਲਈ ਪ੍ਰਮਾਣੀਕਰਣ ਲਈ ਅਰਜ਼ੀ ਦਿੱਤੀ ਏ । ਜੇਕਰ ਇਹ ਪ੍ਰਮਾਣ ਪੱਤਰ ਹਾਸਿਲ ਹੋ ਜਾਂਦਾ ਏ, ਤਾਂ ਚੰਡੀਗੜ੍ਹ ਇਸ ਪ੍ਰਮਾਣੀਕਰਣ ਵਾਲਾ ਦੇਸ਼ ਦਾ ਪਹਿਲਾ ਸ਼ਹਿਰ ਬਣ ਜਾਵੇਗਾ। ਮਿਆਰੀਕਰਣ 'ਤੇ ਰਾਜ ਪੱਧਰੀ ਕਮੇਟੀ ਦੀ ਮੀਟਿੰਗ ਦੌਰਾਨ ਇਸ ਪਹਿਲਕਦਮੀ ਲਈ ਨਗਰ ਨਿਗਮ ਦੀਆਂ ਕੋਸ਼ਿਸ਼ਾਂ ਦੀ ਸ਼ਲਾਘਾ ਕਰਦਿਆਂ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਮੁੱਖ ਸਕੱਤਰ ਰਾਜੀਵ ਵਰਮਾ ਨੇ ਕਿਹਾ ਕਿ ਇਹ ਪ੍ਰਮਾਣੀਕਰਣ ਇਹ ਯਕੀਨੀ ਬਣਾਏਗਾ ਕਿ ਚੰਡੀਗੜ੍ਹ ਦੇ ਵਸਨੀਕਾਂ ਨੂੰ ਸਪਲਾਈ ਕੀਤਾ ਜਾ ਰਿਹਾ ਪਾਣੀ ਸਾਰੇ ਨਿਵਾਸੀਆਂ ਦੀ ਭਲਾਈ ਲਈ ਪੀਣ ਵਾਲੇ ਪਾਣੀ (IS -10500) ਤਹਿਤ ਲੋੜੀਂਦੀਆਂ ਪਾਲਣਾ ਕਰਦਾ ਏ ।ਮੀਟਿੰਗ ਦਾ ਉਦੇਸ਼ ਇਸ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ ਇੱਕ ਮਜ਼ਬੂਤ ਗੁਣਵੱਤਾ ਪ੍ਰਣਾਲੀ ਬਣਾਉਣ ਅਤੇ

ਖਪਤਕਾਰਾਂ ਦੇ ਹਿੱਤਾਂ ਦੀ ਰੱਖਿਆ ਲਈ ਭਾਰਤੀ ਮਿਆਰਾਂ ਦੀ ਵਰਤੋਂ ਨੂੰ ਉਤਸ਼ਾਹਿਤ ਕਰਨਾ ਸੀ।

-----------------------------------------------------

ਪੰਜਾਬ ਸਰਕਾਰ ਨੇ ਇੱਕ ਇਤਿਹਾਸਕ ਫੈਸਲਾ ਕਰਦਿਆਂ ਸਨਅਤ ਅਤੇ ਵਪਾਰ ਵਿਕਾਸ ਨੀਤੀ 2022 ਵਿੱਚ ਸੋਧ ਕਰਕੇ ਝੋਨੇ ਦੀ ਪਰਾਲੀ-ਅਧਾਰਤ ਬਾਇਲਰਾਂ ਦੀ ਸਥਾਪਨਾ ਲਈ ਪੂੰਜੀਗਤ ਸਬਸਿਡੀ ਦੀ ਇੱਕ ਨਵੀਂ ਯੋਜਨਾ ਦਾ ਐਲਾਨ ਕੀਤਾ ਏ । ਇਸ ਨਾਲ ਕਿਸਾਨਾਂ ਦੀ ਆਮਦਨ ਵੀ ਵਧੇਗੀ, ਪਰਾਲੀ ਦਾ ਨਿਪਟਾਰਾ ਵੀ ਹੋਵੇਗਾ, ਚੁਗਿਰਦਾ ਵੀ ਗੰਧਲਾ ਨਹੀਂ ਹੋਵੇਗਾ ਅਤੇ ਨਾਲ ਹੀ ਪੰਜਾਬ ਦੀਆਂ ਸਨਅਤਾਂ ਨੂੰ ਵੀ ਇਸ ਨਾਲ ਲਾਭ ਹੋਵੇਗਾ। ਸਥਾਨਕ ਪੰਜਾਬ ਭਵਨ ਵਿਖੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਨਅਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਝੋਨੇ ਦੀ ਪਰਾਲੀ-ਅਧਾਰਤ ਬਾਇਲਰਾਂ ਦੀ ਸਥਾਪਨਾ ਲਈ ਪੂੰਜੀਗਤ ਸਬਸਿਡੀ ਦੇਣ ਦਾ ਫੈਸਲਾ 13 ਫਰਵਰੀ 2025 ਨੂੰ ਹੋਈ ਕੈਬਨਿਟ ਮੀਟਿੰਗ ਵਿੱਚ ਲਿਆ ਗਿਆ ਸੀ। ਜ਼ਿਕਰਯੋਗ ਏ ਕਿ ਫਿਲਹਾਲ ਇਹ ਯੋਜਨਾ ਸਿਰਫ਼ ਮੌਜੂਦਾ ਸਨਅਤਾਂ ਲਈ ਏ । ਨਵੀਆਂ ਸਨਅਤੀ

ਇਕਾਈਆਂ ਨੂੰ ਫਿਲਹਾਲ ਇਸ ਯੋਜਨਾ ਵਿੱਚ ਸ਼ਾਮਿਲ ਨਹੀਂ ਕੀਤਾ ਗਿਆ ਏ। ਸ੍ਰੀ ਸੌਂਦ ਨੇ ਕਿਹਾ ਕਿ ਸਬਸਿਡੀ ਪਹਿਲਾਂ ਆਓ ਪਹਿਲਾਂ ਪਾਓ ਦੇ ਅਧਾਰ 'ਤੇ ਏ।

-----------------------------------------------------

ਆਪਰੇਸ਼ਨ 'ਸਿੰਦੂਰ  ਦੇ ਮੱਦੇਨਜ਼ਰ ਬਣੀ  ਸੰਕਟਕਾਲੀਨ ਸਥਿਤੀ ਵਿੱਚ ਨੌਜਵਾਨਾਂ ਦੀ ਵਿਸ਼ਵ ਦੀ ਸਭਤੋਂ ਵੱਡੀ ਵਰਦੀਧਾਰੀ ਸੰਸਥਾ NCC,  ਨੇ ਵੀ ਸਰਗਰਮੀ ਦਿਖਾਈ । ਐੱਨ.ਸੀ.ਸੀ ਦੇ ਡਾਇਰੈਕਟਰ ਜਨਰਲ, ਲੈਫਟੀਨੈਟ ਜਨਰਲ ਗੁਰਬੀਰਪਾਲ ਸਿੰਘ ਵੱਲੋਂ ਜਾਰੀ ਨਿਰਦੇਸ਼ਾਂ ਅਨੁਸਾਰ ਦੇਸ਼ ਭਰ ਵਿੱਚ ਐੱਨ.ਸੀ.ਸੀ ਕੈਡਿਟਾਂ ਨੂੰ ਜੰਗੀ ਪੱਧਰ ਤੇ ਸਿਖਲਾਈ ਸ਼ੁਰੂ ਕਰਵਾਈ ਗਈ। ਇਸ ਤਹਿਤ ਕਮਾਂਡਿੰਗ ਅਫਸਰ, ਕਰਨਲ ਵਿਨੋਦ ਜੋਸ਼ੀ, 2 -ਪੰਜਾਬ ਬਟਾਲੀਅਨ ਐੱਨ.ਸੀ.ਸੀ ਜਲੰਧਰ ਦੀ ਯੋਗ ਅਗਵਾਈ ਵਿੱਚ ਵੱਖ-ਵੱਖ ਸਿੱਖਿਆ ਸੰਸਥਾਵਾਂ ਦੇ ਐੱਨ.ਸੀ.ਸੀ ਕੈਡਿਟਾਂ ਨੂੰ ਸਿਵਿਲ ਡਿਫੈਂਸ ਅਤੇ ਬਚਾਅ ਤਕਨੀਕਾ ਦੀ ਸਿਖਲਾਈ ਦਿੱਤੀ ਗਈ । ਸਕੂਲ ਆਫ ਐਮੀਨੈਂਸ, ਟਾਂਡਾ ਵਿਖੇ ਆਫਤਾਂ ਸਮੇਂ ਪ੍ਰਤੀਕਰਮ ਬਾਰੇ ਸੂਬੇ ਦੀ ਬਠਿੰਡਾ ਸਥਿਤ SDRF ਦੀ 7ਵੀਂ

ਬਟਾਲੀਅਨ,  ਦੀ 16 ਮੈਂਬਰੀ ਟੀਮ ਵੱਲੋਂ ਅਸਿਸਟੈਂਟ ਕਮਾਂਡਰ ਪੰਕਜ ਸ਼ਰਮਾ ਦੀ ਅਗਵਾਈ ਵਿੱਚ ਐੱਨ.ਸੀ.ਸੀ ਕੈਡਿਟਾਂ ਅਤੇ ਸਕੂਲ ਦੇ ਵਿਦਿਆਰਥੀਆਂ ਨੂੰ ਜੰਗ ਦੇ ਹਾਲਾਤਾਂ ਵਿੱਚ ਦਿਨ ਅਤੇ ਰਾਤ ਸਮੇਂ ਹਵਾਈ ਹਮਲੇ ਦੀ ਸਥਿਤੀ,ਅੱਗ ਲੱਗ ਜਾਣ, ਕੁਦਰਤੀ ਅਤੇ ਮਨੁੱਖੀ ਆਫਤਾਂ ਦੀ ਸਥਿਤੀ ਵਿੱਚ ਜ਼ਖਮੀਆਂ ਅਤੇ ਬੀਮਾਰਾਂ = ਨੂੰ ਮੁਢਲੀ ਸਹਾਇਤਾ ਦੇਣ ਆਦਿ ਦੀਆਂ ਵਿਧੀਆਂ ਸਿਖਾਈਆਂ ਗਈਆਂ ਤਾਂ ਜੋ ਹੰਗਾਮੀ ਸਥਿਤੀ ਵਿੱਚ ਫੌਰਨ ਮਦਦ ਪਹੁੰਚਾਈ ਜਾ ਸਕੇ। ਸਿਖਲਾਈ ਹਾਸਿਲ ਕਰਣ ਵਾਲੀ ਇੱਕ NCC ਕੈਡੇਟ ਨੇ ਕਿਹਾ –

BYTE

-----------------------------------------------------------

ਖੇਲੋ ਇੰਡੀਆ ਯੂਥ ਗੇਮਜ਼ ਅੱਜ ਸ਼ਾਮੀਂ ਖਤਮ ਹੋ ਰਹੀਆਂ ਨੇ. ਸਮਾਪਤੀ ਸਮਾਰੋਹ ਬਿਹਾਰ ਵਿਚ ਪਟਨਾ ਦੇ KANKARBAGH'ਚ ਪਾਟਲੀਪੁਤਰ ਸਪੋਰਟਸ ਕੰਪਲੈਕਸ ਵਿਖੇ ਹੁਣ ਤੋਂ ਥੋੜੀ ਦੇਣ ਬਾਅਦ ਸ਼ਾਮੀਂ ਸਾਢੇ 6 ਵਜੇ ਹੋਏਗਾ। ਮਹਾਰਾਸ਼ਟਰਾ ਤਮਗਾ ਸੂਚੀ 'ਚ ਚੋਟੀ 'ਤੇ ਰਿਹਾ. ਪੰਜਾਬ ਨੇ ਇਹਨਾਂ ਖੇਡਾਂ 'ਚ ਕੁਲ 47 ਤਮਗੇ ਜਿੱਤੇ ਨੇ ।

-----------------------------------------------------------

- ਰੱਖਿਆ ਮੰਤਰੀ ਰਾਜਨਾਥ ਸਿੰਘ ਦਾ ਕਹਿਣਾ ਏ ਕਿ ਪਾਕਿਸਤਾਨ ਦੇ ਹੱਥਾਂ ਵਿੱਚ ਪ੍ਰਮਾਣੂ ਹਥਿਆਰ ਸੁਰੱਖਿਅਤ ਨਹੀਂ ਨੇ ਤੇ ਇਸਨੂੰ IAEA ਵਲੋਂ ਆਪਣੇ ਕਬਜ਼ੇ ਵਿੱਚ ਲਿਆ ਜਾਣਾ ਚਾਹੀਦਾ ਏ।
- ਪੰਜਾਬ ਪੁਲਿਸ ਨੇ ਸੰਗਰੂਰ ਜੇਲ੍ਹ ਦੇ ਅੰਦਰੋਂ ਚੱਲ ਰਹੇ ਇੱਕ ਸੰਗਠਿਤ ਤਸਕਰੀ ਰੈਕੇਟ ਦਾ ਪਰਦਾਫਾਸ਼ ਕੀਤਾ ਏ ਤੇ ਜੇਲ੍ਹ ਦੇ ਡਿਪਟੀ ਸੁਪਰਡੈਂਟ ਨੂੰ ਗ੍ਰਿਫ਼ਤਾਰ ਕੀਤਾ ਏ।
- ਅੰਮ੍ਰਿਤਸਰ ਨਕਲੀ ਸ਼ਰਾਬ ਮਾਮਲੇ ਵਿਚ ਮਰਣ ਵਾਲਿਆਂ ਦੀ ਗਿਣਤੀ 27 ਹੋ ਗਈ ਏ. ਅਮ੍ਰਿਤਸਰ ਦਿਹਾਤੀ ਪੁਲਿਸ ਨੇ ਸ਼ਰਾਬ ਫੈਕਟਰੀ ਦੇ ਮਾਲਕ ਪਿਓ-ਪੁੱਤਰ ਨੂੰ ਦਿੱਲੀ ਤੋਂ ਗ੍ਰਿਫ਼ਤਾਰ ਕਰ ਲਿਆ ਏ ।
- ਪੰਜਾਬ ਸਰਕਾਰ ਨੇ ਇੱਕ ਇਤਿਹਾਸਕ ਫੈਸਲੇ'ਚ ਝੋਨੇ ਦੀ ਪਰਾਲੀ-ਅਧਾਰਤ ਬਾਇਲਰਾਂ ਦੀ ਸਥਾਪਨਾ ਲਈ ਪੂੰਜੀਗਤ ਸਬਸਿਡੀ ਦੀ ਇੱਕ ਨਵੀਂ ਯੋਜਨਾ ਦਾ ਐਲਾਨ ਕੀਤਾ ਏ ।

- ਖੇਲੋ ਇੰਡੀਆ ਯੂਥ ਗੇਮਜ਼ ਅੱਜ ਖਤਮ ਹੋ ਰਹੀਆਂ ਨੇ। ਪੰਜਾਬ ਨੇ ਇਨ੍ਹਾਂ ਖੇਡਾਂ 'ਚ ਕੁਲ 47 ਤਮਗੇ ਜਿੱਤੇ ਨੇ।